# Taran taran

ਅੱਜ ਦੀ ਆਵਾਜ਼ 27 june 2026

# 15,000 ਅਕਾਲ ਅਕੈਡਮੀ ਵਿਦਿਆਰਥੀਆਂ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵ ਰਿਕਾਰਡ ਬਣਾਉਣ ਦਾ ਯਤਨ

ਤਰਨ ਤਾਰਨ 8 ਅਵਤਾਰ ਸਿਘ ਨਿਤਿਨ ਜੋਸ਼ੀ

ਅੰਤਰਰਾਸ਼ਟਰੀ ਨਸ਼ਾ ਵਿਰੁੱਧ ਦਿਵਸ ਦੇ ਮੌਕੇ 'ਤੇ ਦ ਕਲਗੀਧਰ ਟਰੱਸਟ ਵੱਲੋਂ ਚਲਾਏ ਜਾ ਰਹੇ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿਮ ਵਿੱਚ ਭਾਗ ਲਿਆ। ਸਵੇਰੇ 8:00 ਵਜੇ, ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇੱਕੋ ਸਮੇਂ ਆਪਣੇ-ਆਪਣੇ ਕੈਂਪਸਾਂ ਵਿੱਚ ਇਕੱਠੇ ਹੋ ਕੇ (ਅਸੀਂ ਨਸ਼ਾ ਮੁਕਤ ਹਾਂ) ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਗਤੀਵਿਧੀ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਹੋਣ ਦੇ ਉਦੇਸ਼ ਨਾਲ ਕਰਵਾਈ ਗਈ। ਜ਼ਿਲ੍ਹਾ ਤਰਨ ਤਾਰਨ ਦੇ ਸਕੂਲਾਂ ਵਿੱਚ ਭਾਗੀਦਾਰੀ ਇਸ ਪ੍ਰਕਾਰ ਰਹੀ ਅਕਾਲ ਅਕੈਡਮੀ ਦਾਦੇਹਰ ਸਾਹਿਬ 52, ਅਕਾਲ ਅਕੈਡਮੀ ਧੋਤੀਆਂ 110, ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ 119, ਅਕਾਲ ਅਕੈਡਮੀ ਤੇਜਾ ਸਿਘ ਵਾਲਾ 94 ਇਸ ਮੌਕੇ 'ਤੇ ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ ਦੀ




ਪ੍ਰਿਸੀਪਲ ਸ੍ਰੀਮਤੀ ਸੁਸ਼੍ਰੀ ਮਨਰੀਤ ਕੌਰ ਨੇ ਕਿਹਾ, ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਾਲ ਭਰ ਚੱਲਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਮੁੱਲ-ਅਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮੀ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਹਨ। ਦ ਕਲਗੀਧਰ ਟਰੱਸਟ ਆਪਣੇ ਵਿਦਿਅਕ ਅਦਾਰਿਆਂ ਰਾਹੀਂ ਨਸ਼ਾ ਰੋਕਥਾਮ ਅਤੇ ਸਮਾਜਿਕ ਜਾਗਰੂਕਤਾ ਮੁਹਿਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ।

ਰੋਜ਼ਾਨਾ
ਦੇਸ਼ ਪ੍ਰਦੇਸ਼
DES PARDES
28 june 2026

# 15,000 ਅਕਾਲ ਅਕੈਡਮੀ ਵਿਦਿਆਰਥੀਆਂ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵ ਰਿਕਾਰਡ ਬਣਾਉਣ ਦਾ ਕੀਤਾ ਯਤਨ




ਤਰਨਤਾਰਨ, 26 ਜੂਨ (ਕੁਲਜੀਤ ਸਿੰਘ ਹਨੀ) ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ ਉੱਤੇ 'ਦਿ ਕਲਗੀਧਰ ਟਰੱਸਟ' ਵੱਲੋਂ ਚਲਾਏ ਜਾ ਰਹੇ 129 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਵਿੱਚ ਭਾਗ ਲਿਆ। ਸਵੇਰੇ 8:00 ਵਜੇ, ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇੱਕੋ ਸਮੇਂ ਆਪਣੇ-ਆਪਣੇ ਕੈਂਪਸ ਵਿੱਚ ਇਕੱਠੇ ਹੋ ਕੇ 'ਅਸੀਂ ਨਸ਼ਾ ਮੁਕਤ ਹਾਂ' ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਗਤੀਵਿਧੀ 'ਵਰਲਡ ਬੁੱਕ ਆਫ਼ ਰਿਕਾਰਡਜ਼ ਲੰਦਨ' ਵਿੱਚ ਦਰਜ ਹੋਣ ਦੇ ਉਦੇਸ਼ ਨਾਲ ਕਰਵਾਈ ਗਈ। ਜ਼ਿਲ੍ਹਾ ਤਰਨਤਾਰਨ ਦੇ ਅਕਾਲ ਅਕੈਡਮੀ ਦਦੇਹਰ ਸਾਹਿਬ, ਅਕਾਲ ਅਕੈਡਮੀ ਝੋਟੀਆਂ, ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ, ਅਕਾਲ ਅਕੈਡਮੀ ਤੇਜਾ ਸਿੰਘ ਵਾਲਾ ਵਿਖੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਉੱਤੇ ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ ਦੀ ਪ੍ਰਿੰਸੀਪਲ ਮਨਰੀਤ ਕੌਰ ਨੇ ਕਿਹਾ, ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਾਲ ਭਰ ਚੱਲਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਮੁੱਲ-ਆਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮੀ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਏ ਰੱਖਣ ਲਈ ਲਗਾਤਾਰ ਯਤਨਸ਼ੀਲ ਹਨ। 'ਦਿ ਕਲਗੀਧਰ ਟਰੱਸਟ' ਆਪਣੇ ਵਿਦਿਅਕ ਅਦਾਰਿਆਂ ਰਾਹੀਂ ਨਸ਼ਾ ਰੋਕਥਾਮ ਅਤੇ ਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। ਅਕਾਲ ਅਕੈਡਮੀਆਂ ਦੇ ਵਿਦਿਆਰਥੀ ਪਹਿਲਾਂ ਵੀ ਇਸ ਤਰ੍ਹਾਂ ਦੀਆਂ ਵੱਡੀਆਂ ਸਮਾਜਿਕ ਮੁਹਿੰਮਾਂ ਰਾਹੀਂ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ਼ ਰਿਕਾਰਡ ਸਨਮਾਨ ਹਾਸਲ ਕਰਨ ਵਿੱਚ ਯੋਗਦਾਨ ਪਾ ਚੁੱਕੇ ਹਨ।

ਜਗ ਬਾਣੀ

27 june 2026

# ਅਕਾਲ ਅਕੈਡਮੀ ਢੋਟੀਆਂ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਵਿਸ਼ਵ ਰਿਕਾਰਡ ਮੁਹਿੰਮ ਤਹਿਤ ਕਰਵਾਇਆ ਵਿਸ਼ੇਸ਼ ਜਾਗਰੂਕਤਾ ਸਮਾਗਮ

ਤਰਨਤਾਰਨ, 26 ਜੂਨ (ਰਮਨ)-ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ 'ਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਢੋਟੀਆਂ ਵਿਖੇ ਇਕ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ 'ਚ /"WE ARE DRUG FREE/" (ਵੀ.ਆਰ.ਡਰੱਗ ਫ੍ਰੀ) ਦੀ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ। ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਦੇਸ਼ ਭਰ 'ਚ ਸਥਿਤ ਅਕਾਲ ਅਕੈਡਮੀਆਂ 'ਚ ਇਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ 'ਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ।

ਸਵੇਰੇ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ੍ਹ ਸੰਕਲਪ ਪ੍ਰਗਟਾਇਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਵਿਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਮਨਦੀਪ ਕੌਰ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇਕ ਮਨੁੱਖੀ ਸੰਦੇਸ਼ ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਊਣ ਦਾ ਸੰਕਲਪ ਵੀ




ਅਕਾਲ ਅਕੈਡਮੀ ਢੋਟੀਆਂ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ ਦਾ ਦ੍ਰਿਸ਼।(ਰਮਨ)

ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ।

NH PUNJAB
ਪੰਜਾਬੀ

27 june 2026

# ਨਸ਼ਿਆਂ ਖ਼ਿਲਾਫ਼ ਅਕਾਲ ਅਕੈਡਮੀ ਦੇ ਵਿਦਿਆਰਥੀਆਂ ਦੀ ਵੱਡੀ ਮੁਹਿੰਮ, 15 ਹਜ਼ਾਰ ਵਿਦਿਆਰਥੀਆਂ ਨੇ ਦਿੱਤਾ 'ਡਰੱਗ ਫਰੀ' ਦਾ ਸੰਦੇਸ਼

## ਪੰਜ ਸੂਬਿਆਂ ਵਿੱਚ ਇਕੱਠੇ ਹੋ ਕੇ ਬਣਾਈ ਮਨੁੱਖੀ ਆਕ੍ਰਿਤੀ, ਵਿਸ਼ਵ ਰਿਕਾਰਡ ਲਈ ਦਰਜ ਕਰਵਾਈ ਗਈ ਪਹਿਲ

**ਗੁਰਪ੍ਰੀਤ ਸਿੰਘ ਕੱਦ ਗਿੱਲ**
**ਤਰਨਤਾਰਨ, 26 ਜੂਨ**

ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦੇਣ ਲਈ ਦ ਕਲਗੀਧਰ ਟਰੱਸਟ ਵੱਲੋਂ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੁਹਿੰਮ ਤਹਿਤ 121 ਅਕਾਲ ਅਕੈਡਮੀ ਸਕੂਲਾਂ ਦੇ 15 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇਕੱਠੇ ਹੋ ਕੇ WE ARE DRUG FREE (ਅਸੀਂ ਨਸ਼ਾ ਮੁਕਤ ਹਾਂ) ਦੀ ਮਨੁੱਖੀ ਆਕ੍ਰਿਤੀ ਬਣਾ ਕੇ ਨਸ਼ਿਆਂ ਖ਼ਲਾਫ਼ ਆਪਣੀ ਆਵਾਜ਼ ਬੁਲੰਦ ਕੀਤੀ।

ਸਵੇਰੇ 8 ਵਜੇ ਸਾਰੇ ਸਕੂਲਾਂ ਦੇ ਵਿਦਿਆਰਥੀ ਆਪਣੇ-ਆਪਣੇ ਕੈਂਪਸਾਂ ਵਿੱਚ ਇਕੱਠੇ ਹੋਏ ਅਤੇ ਇਸ ਵਿਲੱਖਣ ਗਤੀਵਿਧੀ ਰਾਹੀਂ ਸਮਾਜ ਨੂੰ ਨਸ਼ਾ-ਮੁਕਤੀ ਦਾ ਸੰਦੇਸ਼ ਦਿੱਤਾ। ਇਹ ਪਹਿਲ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਦੇ ਮਕਸਦ ਨਾਲ ਕੀਤੀ ਗਈ। ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ ਦੀ ਪ੍ਰਿੰਸੀਪਲ ਮਨਰੀਤ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਭਾਗੀਦਾਰੀ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਪ੍ਰਤੀ ਉਨ੍ਹਾਂ ਦੀ ਜ਼ਿੰਮੇਵਾਰੀ ਅਤੇ ਜਾਗਰੂਕਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਅਕਾਲ ਅਕੈਡਮੀਆਂ ਵੱਲੋਂ ਸਾਲ ਭਰ ਜਾਗਰੂਕਤਾ ਪ੍ਰੋਗਰਾਮ, ਮੁੱਲ-ਆਧਾਰਿਤ ਸਿੱਖਿਆ, ਕਾਊਂਸਲਿੰਗ ਸੇਵਾਵਾਂ ਅਤੇ ਨਸ਼ਾ ਰੋਕਥਾਮ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਦ ਕਲਗੀਧਰ ਟਰੱਸਟ ਵੱਲੋਂ ਚਲਾਏ ਜਾ ਰਹੇ ਸਿੱਖਿਆ ਅਦਾਰੇ ਲਗਾਤਾਰ ਸਮਾਜਿਕ ਬੁਰਾਈਆਂ ਖ਼ਲਾਫ਼ ਜਾਗਰੂਕਤਾ ਪੈਦਾ ਕਰਨ ਲਈ ਕੰਮ ਕਰ ਰਹੇ ਹਨ। ਅਕਾਲ ਅਕੈਡਮੀ ਦੇ ਵਿਦਿਆਰਥੀ ਇਸ ਤੋਂ ਪਹਿਲਾਂ ਵੀ ਅਜਿਹੀਆਂ ਵੱਡੇ ਪੱਧਰ ਦੀਆਂ ਮੁਹਿੰਮਾਂ ਰਾਹੀਂ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ ਰਿਕਾਰਡਜ਼ ਸਨਮਾਨ ਹਾਸਲ ਕਰਨ ਵਿੱਚ ਯੋਗਦਾਨ ਪਾ ਚੁੱਕੇ ਹਨ।




ਇਹ ਮੁਹਿੰਮ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ, ਸਿਹਤਮੰਦ ਜੀਵਨ ਅਪਣਾਉਣ ਅਤੇ ਨਸ਼ਾ-ਮੁਕਤ ਸਮਾਜ ਬਣਾਉਣ ਲਈ ਪ੍ਰੇਰਿਤ ਕਰਨ ਵੱਲ ਇੱਕ ਸ਼ਲਾਘਾਯੋਗ ਉਪਰਾਲਾ ਸਾਬਤ ਹੋ ਰਹੀ ਹੈ।

ਸਾਂਝੀ ਖ਼ਬਰ

27 june 2026

# 15 ਹਜ਼ਾਰ ਅਕਾਲ ਅਕੈਡਮੀ ਵਿਦਿਆਰਥੀਆਂ ਨੇ 'WE ARE DRUG FREE' ਦੀ ਮਨੁੱਖੀ ਆਕ੍ਰਿਤੀ ਬਣਾ ਕੇ ਵਿਸ਼ਵ ਰਿਕਾਰਡ ਬਣਾਉਣ ਵੱਲ ਵਧਾਇਆ ਕਦਮ

ਸਾਂਝੀ ਖ਼ਬਰ

ਤਰਨ ਤਾਰਨ, 26 ਜੂਨ (ਅਮਿਤ ਮਰਵਾਹਾ)

ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ ਤੇ ਦ ਕਲਗੀਧਰ ਟਰੱਸਟ ਵੱਲੋਂ ਸੰਚਾਲਿਤ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕ ਵਿਸ਼ੇਸ਼ ਨਸ਼ਾ ਜਾਗਰੂਕਤਾ ਮੁਹਿੰਮ ਵਿੱਚ ਭਾਗ ਲਿਆ।




ਸਵੇਰੇ 8:00 ਵਜੇ ਸਾਰੇ ਸਕੂਲਾਂ ਦੇ ਵਿਦਿਆਰਥੀ ਆਪਣੇ-ਆਪਣੇ ਕੈਂਪਸ ਵਿੱਚ ਇਕੱਠੇ ਹੋਏ ਅਤੇ 'WE ARE DRUG FREE' (ਅਸੀਂ ਨਸ਼ਾ ਮੁਕਤ ਹਾਂ) ਦੀ ਮਨੁੱਖੀ ਆਕ੍ਰਿਤੀ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਵਿਸ਼ੇਸ਼ ਗਤੀਵਿਧੀ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਕਰਵਾਉਣ ਦੇ ਉਦੇਸ਼ ਨਾਲ ਆਯੋਜਿਤ ਕੀਤੀ ਗਈ।

ਇਸ ਮੌਕੇ ਅਕਾਲ ਅਕੈਡਮੀ ਰਾਮਪੁਰ ਨਰੋਤਮਪੁਰ ਦੀ ਪ੍ਰਿੰਸੀਪਲ ਮਨਰੀਤ ਕੌਰ ਨੇ ਕਿਹਾ ਕਿ, ਇਹ ਪਹਿਲ ਸਾਡੇ ਵਿਦਿਆਰਥੀਆਂ ਦੀ ਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਾਲ ਭਰ ਚਲਾਏ ਜਾਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਕਦਰਾਂ-ਕੀਮਤਾਂ ਆਧਾਰਿਤ ਸਿੱਖਿਆ, ਕਾਊਂਸਲਿੰਗ ਸੇਵਾਵਾਂ ਅਤੇ ਨਿਵਾਰਕ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਈ ਰੱਖਣ ਲਈ ਨਿਰੰਤਰ ਯਤਨਸ਼ੀਲ ਹਨ। ਦ ਕਲਗੀਧਰ ਟਰੱਸਟ ਆਪਣੇ ਵਿੱਦਿਅਕ ਅਦਾਰਿਆਂ ਰਾਹੀ ਨਸ਼ਾ ਰੋਕਥਾਮ ਅਤੇ ਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। ਅਕਾਲ ਅਕੈਡਮੀ ਦੇ ਵਿਦਿਆਰਥੀ ਇਸ ਤੋਂ ਪਹਿਲਾਂ ਵੀ ਅਜਿਹੀਆਂ ਵਿਆਪਕ ਜਨ-ਜਾਗਰੂਕਤਾ ਮੁਹਿੰਮਾਂ ਰਾਹੀ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ ਰਿਕਾਰਡਜ਼ ਸਨਮਾਨ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਚੁੱਕੇ ਹਨ। ਇਹ ਮੁਹਿੰਮ ਨੌਜਵਾਨਾਂ ਨੂੰ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਪ੍ਰੇਰਿਤ ਕਰਨ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਵੱਲ ਇੱਕ ਅਹਿਮ ਕਦਮ ਸਾਬਤ ਹੋ ਰਹੀ ਹੈ।

YUGMARG
Your Region Your Paper
CHANDIGARH
SUNDAY, JUNE 28, 2026

## NEWS BRIEF

### 15,000 Akal academy students create 'WE ARE DRUG FREE' human formation in world record attempt

**KULJEET SINGH HONEY**

**TARN TARAN:** To mark the International Day Against Drug Abuse and Illicit Trafficking, more than 15,000 students from 121 Akal Academy schools run by The Kalgidhar Trust across Punjab, Haryana, Himachal Pradesh, Uttar Pradesh and Rajasthan participated in a unique anti-drug awareness initiative today. At exactly 8:00 AM, students gathered simultaneously at their respective campuses to create the human formation "WE ARE DRUG FREE", demonstrating their collective pledge to remain free from substance abuse and promote a healthier society. The activity is being conducted as an attempt to secure recognition from the World Book of Records, London.



ਅਜੀਤ
28-Jun-2026
Page: 7

# ਅਕਾਲ ਅਕੈਡਮੀ ਢੋਟੀਆਂ ਵਿਖੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਮੌਕੇ ਜਾਗਰੂਕਤਾ ਸਮਾਗਮ ਕਰਵਾਇਆ

ਨੌਸ਼ਹਿਰਾ ਪੰਨੂਆਂ, 27 ਜੂਨ (ਦੀਪਕ ਮੈਣੀ)-ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਦੇ ਮੌਕੇ 'ਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਅਧੀਨ ਚੱਲ ਰਹੀ ਅਕਾਲ ਅਕੈਡਮੀ ਢੋਟੀਆਂ ਵਿਖੇ ਇਕ ਵਿਸ਼ੇਸ਼ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆ-ਰਥੀਆਂ ਨੇ ਇਕੱਠੇ ਹੋ ਕੇ ਸਕੂਲ ਦੇ ਮੈਦਾਨ ਵਿਚ ਨਸ਼ਾ ਮੁਕਤੀ ਦੀ ਵਿਸ਼ਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ। ਇਹ ਉਪਰਾਲਾ ਕਲਗੀਧਰ ਟਰੱਸਟ ਬੜੂ ਸਾਹਿਬ ਵਲੋਂ ਦੇਸ਼ ਭਰ ਵਿਚ ਸਥਿਤ ਅਕਾਲ ਅਕੈਡਮੀਆਂ ਵਿਚ ਇੱਕੋ ਸਮੇਂ ਚਲਾਈ ਗਈ ਵਿਸ਼ਵ ਰਿਕਾਰਡ ਮੁਹਿੰਮ ਦਾ ਹਿੱਸਾ ਸੀ। ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਸਮਾਜ ਨੂੰ ਪ੍ਰੇਰਿਤ ਕਰਨਾ ਹੈ। ਇਸ ਵਿਲੱਖਣ ਮਨੁੱਖੀ ਬਣਤਰ ਨੂੰ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿਚ ਦਰਜ ਕਰਵਾਉਣ ਲਈ ਵੀ ਭੇਜਿਆ ਜਾਵੇਗਾ। ਸਵੇਰੇ 8 ਵਜੇ ਵਿਦਿਆਰਥੀਆਂ ਨੇ ਪੂਰੇ ਅਨੁਸ਼ਾਸਨ, ਜੋਸ਼ ਅਤੇ ਏਕਤਾ ਨਾਲ ਮਨੁੱਖੀ ਬਣਤਰ ਤਿਆਰ ਕਰਕੇ ਨਸ਼ਿਆਂ ਵਿਰੁੱਧ ਆਪਣਾ ਦ੍ਰਿੜ ਸੰਕਲਪ ਪ੍ਰਗਟਾਇਆ। ਇਸ ਗਤੀਵਿਧੀ ਨੇ ਵਿਦਿਆ-ਰਥੀਆਂ ਵਿਚ ਸਮਾਜਿਕ ਜ਼ਿੰਮੇਵਾਰੀ, ਜਾਗਰੂਕਤਾ ਅਤੇ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਮਨਦੀਪ ਕੌਰ ਨੇ ਕਿਹਾ ਕਿ ਅੱਜ ਵਿਦਿਆਰਥੀਆਂ ਨੇ ਸਿਰਫ਼ ਇਕ ਮਨੁੱਖੀ ਸੰਦੇਸ਼ ਨਹੀਂ ਬਣਾਇਆ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਜਿਊਣ ਦਾ ਸੰਕਲਪ ਵੀ ਲਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਵਿਚ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਜੀਵਨ ਮੁੱਲਾਂ ਨਾਲ ਵੀ ਜੋੜਦੇ ਹਨ।




**ਅਕਾਲ ਅਕੈਡਮੀ ਢੋਟੀਆਂ ਵਿਖੇ ਨਸ਼ਾ ਮੁਕਤ ਸਮਾਜ ਸਿਰਜਣ ਦਾ ਸੰਦੇਸ਼ ਦਿੰਦੇ ਹੋਏ ਵਿਦਿਆਰਥੀ।** ਤਸਵੀਰ: ਮੈਣੀ

CMYK ਤਰਨ ਤਾਰਨ